# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 20-02-2025**

- ਭਾਰਤੀ ਜਨਤਾ ਪਾਰਟੀ ਦੀ ਪਹਿਲੀ ਵਾਰ ਦੀ ਵਿਧਾਇਕ ਰੇਖਾ ਗੁਪਤਾ ਨੇ ਅੱਜ ਦਿੱਲੀ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ।
- ਕੇਂਦਰ ਨੇ ਅੱਜ ਗ਼ੈਰ-ਲਾਗ ਵਾਲੀਆਂ ਬਿਮਾਰੀਆਂ ਦੀ ਸਕ੍ਰੀਨਿੰਗ ਮੁਹਿੰਮ ਦੀ ਕੀਤੀ ਸ਼ੁਰੂਆਤ ।
- ਪੰਜਾਬ ਸਰਕਾਰ ਵੱਲੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਨਿਵੇਕਲੀ ਪਹਿਲ ਦੀ ਸ਼ੁਰੂਆਤ।
- ਪੰਜਾਬ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਮਨੁੱਖੀ ਤਸਕਰੀ ਵਿਚ ਲਗੇ ਟ੍ਰੈਵਲ ਏਜੰਟਾਂ ਨੂੰ ਕੀਤਾ ਖ਼ਬਰਦਾਰ।

- ਪੰਜਾਬ ਵਿਜੀਲੈਂਸ ਬਿਊਰੋ ਨੇ ਪਿਛਲੇ ਤਿੰਨ ਮਹੀਨਿਆਂ ਤੋਂ ਭਗੌੜੇ ਹੁਸ਼ਿਆਰਪੁਰ ਦੇ ਸਹਾਇਕ ਕਿਰਤ ਕਮਿਸ਼ਨਰ ਹਰਪ੍ਰੀਤ ਸਿੰਘ ਨੂੰ 30 ਹਜ਼ਾਰ ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਏ।
- ਪੰਜਾਬ ਵਿਚ ਵੱਖ-ਵੱਖ ਥਾਵਾਂ 'ਤੇ ਸਵੇਰ ਤੋਂ ਰੁਕ ਰੁਕ ਕੇ ਮੀਹਂ ਪੈ ਰਿਹੈ - ਜਲੰਧਰ ਸਮੇਤ ਕਈ ਥਾਈਂ ਗੜੇਮਾਰੀ ਵੀ ਹੋਈ ਏ।

---------------------------------------------------

ਭਾਰਤੀ ਜਨਤਾ ਪਾਰਟੀ ਦੀ ਪਹਿਲੀ ਵਾਰ ਦੀ ਵਿਧਾਇਕ ਰੇਖਾ ਗੁਪਤਾ ਨੇ ਅੱਜ ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ, ਦਿੱਲੀ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਉਪ ਰਾਜਪਾਲ ਵਿਨੈ ਕੁਮਾਰ ਸਕਸੈਨਾ ਨੇ ਉਨ੍ਹਾਂ ਨੂੰ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਸਹੁੰ ਚੁਕਾਈ।

**BYTE:**

ਮੁੱਖ ਮੰਤਰੀ ਦੇ ਨਾਲ 6 ਕੈਬਨਿਟ ਮੰਤਰੀਆਂ ਪ੍ਰਵੇਸ਼-ਸਾਹਿਬ ਸਿੰਘ, ਆਸ਼ੀਸ਼ ਸੂਦ, ਮਨਿੰਦਰ ਸਿੰਘ ਸਿਰਸਾ, ਰਵਿੰਦਰ ਇੰਦਰਾਜ ਸਿੰਘ, ਕਪਿਲ ਮਿਸ਼ਰਾ ਅਤੇ ਪੰਕਜ ਕੁਮਾਰ ਸਿੰਘ ਨੇ ਵੀ ਸਹੁੰ ਚੁੱਕੀ।

ਇਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਹੋਰ ਆਗੂ ਵੀ ਮੌਜੂਦ ਸਨ। ਇਸ ਸਮਾਗਮ ਵਿੱਚ ਕਈ ਸੂਬਿਆਂ ਦੇ ਮੁੱਖ ਮੰਤਰੀ ਅਤੇ ਉਪ ਮੁੱਖ ਮੰਤਰੀ ਵੀ ਸ਼ਾਮਲ ਹੋਏ। ਉਹ BJP ਦੇ ਸੁਸ਼ਮਾ ਸਵਰਾਜ, ਕਾਂਗਰਸ ਦੇ ਸ਼ੀਲਾ ਦੀਕਸ਼ਿਤ ਅਤੇ ਆਮ ਆਦਮੀ ਪਾਰਟੀ ਦੇ ਆਤਿਸ਼ੀ ਤੋਂ ਬਾਅਦ ਦਿੱਲੀ ਦੀ ਚੌਥੀ ਅਤੇ BJP ਦੇ ਦੂਜੇ ਮਹਿਲਾ ਮੁੱਖ ਮੰਤਰੀ ਬਣ ਗਏ ਨੇ । ਸਹੁੰ ਚੁੱਕ ਸਮਾਗਮ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰੇਖਾ ਗੁਪਤਾ ਨੇ ਮੁੱਖ ਮੰਤਰੀ ਦੇ ਅਹੁਦੇ ਦੀ ਜ਼ਿੰਮੇਵਾਰੀ ਸੌਂਪਣ ਲਈ ਪਾਰਟੀ ਦੀ ਸਿਖਰਲੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਊਨਾ 1992 ਵਿੱਚ ਏਪੀ ਨਾਲ ਦਿੱਲੀ ਯੂਨੀਵਰਸਿਟੀ ਦੇ ਦੌਲਤ ਰਾਮ ਕਾਲਜ ਵਿੱਚ .ਵੀ.ਬੀ. ਸਫ਼ਰ ਦੀ ਸ਼ੁਰੂਆਤ ਕੀਤੀ ਅਤੇ ਬਾਅਦ ਵਿੱਚ ਰਾਜਨੀਤਿਕ ਆਪਣੇ ਦਿੱਲੀ ਯੂਨੀਵਰਸਿਟੀ ਵਿਦਿਆਰਥੀ ਸੰਘ ਦੀ ਪ੍ਰਧਾਨ ਬਣੇ । ਉਹ ਦਿੱਲੀ BJP ਮਹਿਲਾ ਮੋਰਚਾ ਦੀ ਜਨਰਲ ਸਕੱਤਰ ਵੀ ਰਹਿ ਚੁਕੇ ਨੇ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰੇਖਾ ਗੁਪਤਾ ਨੂੰ ਦਿੱਲੀ ਦੇ ਮੁੱਖ ਮੰਤਰੀ

ਵਜੋਂ ਸਹੁੰ ਚੁੱਕਣ 'ਤੇ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਉਹ ਜ਼ਮੀਨੀ ਪੱਧਰ ਤੋਂ ਇੱਥੇ ਤਕ ਪਹੁੰਚੇ ਨੇ। ਰੇਖਾ ਗੁਪਤਾ ਕੈਂਪਸ ਰਾਜਨੀਤੀ, ਰਾਜ ਸੰਗਠਨ, ਮਿਊਂਸਪਲ ਪ੍ਰਸ਼ਾਸਨ ਵਿੱਚ ਵੀ ਸਰਗਰਮ ਰਹੇ ਨੇ। ਪ੍ਰਧਾਨ ਮੰਤਰੀ ਨੇ ਵਿਸ਼ਵਾਸ ਪ੍ਰਗਟਾਇਆ ਕਿ ਸ਼੍ਰੀਮਤੀ ਗੁਪਤਾ ਦਿੱਲੀ ਦੇ ਵਿਕਾਸ ਲਈ ਪੂਰੀ ਤਾਕਤ ਨਾਲ ਕੰਮ ਕਰਨਗੇ।ਪ੍ਰਧਾਨ ਮੰਤਰੀ ਨੇ ਦਿੱਲੀ ਸਰਕਾਰ ਵਿੱਚ ਮੰਤਰੀਆਂ ਵਜੋਂ ਸਹੁੰ ਚੁੱਕਣ ਵਾਲੇ ਪਰਵੇਸ਼ ਸਾਹਿਬ ਸਿੰਘ, ਆਸ਼ੀਸ਼ ਸੂਦ, ਮਨਿੰਦਰ ਸਿੰਘ ਸਿਰਸਾ, ਰਵਿੰਦਰ ਇੰਦਰਾਜ ਸਿੰਘ, ਕਪਿਲ ਮਿਸ਼ਰਾ ਅਤੇ ਪੰਕਜ ਕੁਮਾਰ ਸਿੰਘ ਨੂੰ ਵੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਟੀਮ, ਜਨੂੰਨ ਅਤੇ ਤਜਰਬੇ ਦਾ ਇੱਕ ਬਹੁਤ ਵੱਡਾ ਸੁਮੇਲ ਏ ਅਤੇ ਯਕੀਨੀ ਤੌਰ 'ਤੇ ਦਿੱਲੀ ਲਈ ਚੰਗਾ ਸ਼ਾਸਨ ਯਕੀਨੀ ਬਣਾਏਗੀ।

---------------------------------------------------------

ਕੇਂਦਰ ਨੇ ਅੱਜ ਇੱਕ ਵਿਸ਼ੇਸ਼ ਗ਼ੈਰਸੰਚਾਰੀ ਰੋਗ ਸਕ੍ਰੀਨਿੰਗ ਮੁਹਿੰਮ ਦੀ - ਸ਼ੁਰੂਆਤ ਕੀਤੀ ਏ। ਇਸ ਮੁਹਿੰਮ ਦਾ ਉਦੇਸ਼ 30 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਸਾਰੇ ਵਿਅਕਤੀਆਂ ਦੀ ਪੂਰੀ ਸਕ੍ਰੀਨਿੰਗ ਕਰਨਾ ਏ।

ਕੇਂਦਰੀ ਸਿਹਤ ਮੰਤਰਾਲੇ ਨੇ ਕਿਹਾ ਕਿ ਇਸ ਪਹਿਲ ਦਾ ਉਦੇਸ਼, ਸਾਰੇ ਵਿਅਕਤੀਆਂ ਦੀ ਆਮ ਗੈਰਸੰਚਾਰੀ ਬਿਮਾਰੀਆਂ ਜਿਵੇਂ ਕਿ ਸ਼ੂਗਰ-, ਹਾਈਪਰਮੂੰਹ-ਟੈਨਸ਼ਨ ਅਤੇ ਤਿੰਨ ਆਮ ਕੈਂਸਰ-, ਛਾਤੀ ਅਤੇ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਲਈ ਸਕ੍ਰੀਨਿੰਗ ਕਰਨਾ ਏ। ਇਸ ਮੁਹਿੰਮ ਦਾ ਉਦੇਸ਼ ਗੈਰਸੰਚਾਰੀ ਰੋਗਾਂ ਦੀ ਸਮੇਂ ਸਿਰ ਪਛਾਣ ਅਤੇ ਸਹੀ ਇਲਾਜ ਨੂੰ -ਯਕੀਨੀ ਬਣਾਉਣਾ ਏ । ਇਹ ਮੁਹਿੰਮ ਰਾਸ਼ਟਰੀ ਗ਼ੈਰਸੰਚਾਰੀ ਰੋਗ -ਰੋਕਥਾਮ ਅਤੇ ਕੰਟਰੋਲ ਪ੍ਰੋਗਰਾਮ ਤਹਿਤ ਦੇਸ਼ ਭਰ ਦੇ ਆਯੁਸ਼ਮਾਨ ਵੱਖ ਸਿਹਤ ਕੇਂਦਰਾਂ ਵਿੱਚ ਚਲਾਈ ਜਾਵੇਗੀ -ਆਰੋਗਯ ਮੰਦਰਾਂ ਅਤੇ ਵੱਖ ।40 ਦਿਨਾਂ ਤੱਕ ਚੱਲਣ ਵਾਲੀ ਇਸ ਮੁਹਿੰਮ ਦੌਰਾਨ ਸਿਖਲਾਈ ਪ੍ਰਾਪਤ ਆਸ਼ਾ ਵਰਕਰ ਅਤੇ ਅਗਲੀ ਕਤਾਰ ਦੇ ਵਰਕਰ ਘਰਘਰ ਜਾ ਕੇ -ਲੋਕਾਂ ਦੀ ਸਕ੍ਰੀਨਿੰਗ ਕਰਨਗੇ। ਮੁਹਿੰਮ ਦੌਰਾਨ, ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਣ ਲਈ ਸਕ੍ਰੀਨਿੰਗ, ਇਲਾਜ ਅਤੇ ਫਾਲੋ- ਰਾਸ਼ਟਰੀ ਪੋਰਟਲ ਅਪ ਬਾਰੇ ਅੰਕੜੇ 'ਤੇ ਰੋਜ਼ਾਨਾ ਅਪਲੋਡ ਕੀਤੇ ਜਾਣਗੇ । ਇਹ ਵਿਸ਼ੇਸ਼ ਮੁਹਿੰਮ ਇੱਕ ਸਿਹਤਮੰਦ ਅਤੇ ਗ਼ੈਰਸੰਚਾਰੀ ਰੋਗ -

ਮੁਕਤ ਭਾਰਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਏ ਜੋ ਨਾਗਰਿਕਾਂ ਨੂੰ ਬਿਹਤਰ ਸਿਹਤ ਪ੍ਰਦਾਨ ਕਰੇਗੀ।

---------------------------------------------------

ਪੰਜਾਬ ਦੇ ਸਰਕਾਰੀ ਸਕੂਲਾਂ ਤੋਂ ਪਾਸ ਹੋਣ ਵਾਲੇ ਵਿਦਿਆਰਥੀਆਂ ਦੇ ਸੁਪਨੇ ਸਾਕਾਰ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਨੇ 12ਵੀਂ ਜਮਾਤ ਦੇ ਵਿਦਿਆਰਥੀਆਂ ਤੱਕ ਪਹੁੰਚ ਕਰਨ ਲਈ ਇੱਕ ਵਿਲੱਖਣ ਪਹਿਲਕਦਮੀ ਸ਼ੁਰੂ ਕੀਤੀ ਏ ।ਏਸ ਤਹਿਤ ਉਨ੍ਹਾਂ ਦੀਆਂ ਭਵਿੱਖ ਦੀਆਂ ਯੋਜਨਾਵਾਂ ਬਾਰੇ ਪਤਾ ਕਰਨ, ਸਮਝਣ ਤੇ ਪੂਰਾ ਕਰਨ ਵਿੱਚ ਮਦਦ ਕਰਨ ਦੇ ਉਦੇਸ਼ ਨਾਲ ਆਨਲਾਈਨ ਫਾਰਮ ਭਰਵਾਇਆ ਗਿਆ ਏ । ਇਸ ਪਹਿਲਕਦਮੀ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਵਿਭਾਗ ਵੱਲੋਂ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਦੇਣ ਵਾਲੇ ਸਾਰੇ ਵਿਦਿਆਰਥੀਆਂ ਨਾਲ ਇੱਕ ਗੂਗਲ ਫਾਰਮ ਸਾਂਝਾ ਕੀਤਾ ਗਿਆ ਏ। ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਸ ਫਾਰਮ ਨਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸ਼ੁੱਭ-ਇੱਛਾਵਾਂ ਵਾਲਾ ਸੰਦੇਸ਼ ਵੀ ਭੇਜਿਆ ਗਿਆ ਏ । ਮੁੱਖ ਮੰਤਰੀ ਨੇ

ਵੀ ਜ਼ੋਰ ਵਿਦਿਆਰਥੀਆਂ ਦੀ ਮਾਨਸਿਕ ਤੰਦਰੁਸਤੀ ਬਾਰੇ ਮਹੱਤਤਾ ਤੇ ਦਿੱਤਾ ਏ । ਉਨ੍ਹਾਂ ਨੇ ਇਮਤਿਹਾਨਾਂ ਸਬੰਧੀ ਤਣਾਅ ਨਾਲ ਨਜਿੱਠਣ ਲਈ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਵੀ ਪ੍ਰਦਾਨ ਕੀਤਾ। ਇਕੱਤਰ ਹੋਣ ਵਾਲੀ ਜਾਣਕਾਰੀ ਨਾਲ ਸੂਬਾ ਸਰਕਾਰ ਨੂੰ ਵਿਦਿਆਰਥੀਆਂ ਦੀਆਂ ਅਕਾਦਮਿਕ ਅਤੇ ਪੇਸ਼ੇਵਰ ਯੋਜਨਾਵਾਂ ਨੂੰ ਨੇਪਰੇ ਚਾੜ੍ਹਨ ਵਿੱਚ ਸਹਾਇਤਾ ਦੇਣ ਲਈ ਢੁਕਵੀਂ ਯੋਜਨਾਬੰਦੀ ਬਣਾਉਣ ਵਿੱਚ ਮਦਦ ਕਰੇਗੀ। ਉਨ੍ਹਾਂ  ਕਿਹਾ ਕਿ ਇਹ ਪਹੁੰਚ ਸੂਬਾ ਸਰਕਾਰ ਨੂੰ ਵਿਦਿਆਰਥੀਆਂ ਦੀਆਂ ਇੱਛਾਵਾਂ ਅਤੇ ਟੀਚਿਆਂ ਨੂੰ ਪੂਰਾ ਕਰਨ ਵਿੱਚ ਮਦਦ ਕਰਨ ਲਈ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ। ਸਕੂਲ ਸਿੱਖਿਆ ਮੰਤਰੀ ਨੇ ਦੱਸਿਆ ਕਿ ਸਕੂਲ ਮੁਖੀਆਂ ਨੂੰ ਇਹ ਯਕੀਨੀ ਬਣਾਉਣ ਲਈ ਪਹਿਲਾਂ ਹੀ ਹਦਾਇਤ ਕੀਤੀ ਗਈ ਏ ਕਿ ਸਾਰੇ ਵਿਦਿਆਰਥੀ ਨਿੱਜੀ ਤੌਰ 'ਤੇ ਇਹ ਐਸਪੀਰੇਸ਼ਨ ਫਾਰਮ ਭਰਨ ਅਤੇ ਉਹ ਵਿਦਿਆਰਥੀਆਂ ਨੂੰ ਇਸ ਫਾਰਮ ਨੂੰ ਭਰਨ ਲਈ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ। ਇਸ ਪਹਿਲਕਦਮੀ ਦੀ ਨਿਗਰਾਨੀ ਕਰਨ ਲਈ ਜ਼ਿਲ੍ਹਾ ਸਿੱਖਿਆ ਅਧਿਕਾਰੀ   ਨੋਡਲ ਅਧਿਕਾਰੀਆਂ ਵਜੋਂ ਕੰਮ

ਕਰਨਗੇ । ਹੈੱਡਕੁਆਰਟਰ ਦੇ ਅਧਿਕਾਰੀ ਲਾਈਵ ਡੈਸ਼ਬੋਰਡ ਰਾਹੀਂ ਬੈਕਐਂਡ ਸਹਾਇਤਾ ਪ੍ਰਦਾਨ ਕਰਨਗੇ ਜੋ ਹਰੇਕ ਜ਼ਿਲ੍ਹੇ ਵਿੱਚ ਭਰੇ ਗਏ ਫਾਰਮਾਂ ਦੀ ਪ੍ਰਤੀਸ਼ਤਤਾ ਨੂੰ ਟਰੈਕ ਕਰਨਗੇ।

---------------------------------------------------------

ਪੰਜਾਬ ਵਿੱਚ, ਧੋਖੇਬਾਜ਼ ਟਰੈਵਲ ਏਜੰਟਾਂ ਖਿਲਾਫ਼ ਪੰਜ ਹੋਰ FIRs ਦਰਜ ਕੀਤੀਆਂ ਗਈਆਂ ਨੇ, ਜਿਨ੍ਹਾਂ ਨੇ ਕਥਿਤ ਤੌਰ 'ਤੇ ਨੌਜਵਾਨਾਂ ਨੂੰ ਅਮਰੀਕਾ ਵਿੱਚ ਗੈਰ-ਕਾਨੂੰਨੀ ਢੰਗ ਨਾਲ ਪਹੁੰਚਾਉਣ ਦੇਣ ਦੇ ਝੂਠੇ ਵਾਅਦੇ ਕਰਕੇ ਧੋਖਾ ਦਿੱਤਾ, ਜਿਸ ਦੇ ਨਤੀਜੇ ਵਜੋਂ ਇਹਨਾਂ ਨੂੰ ਦੇਸ਼ ਵਾਪਿਸ ਭੇਜਿਆ ਗਿਆ। ਇਸ ਦੇ ਨਾਲ ਹੁਣ ਤੱਕ ਕੁੱਲ 15 FIRs ਦਰਜ ਕੀਤੀਆਂ ਗਈਆਂ ਨੇ ਅਤੇ ਤਿੰਨ ਗ੍ਰਿਫਤਾਰੀਆਂ ਕੀਤੀਆਂ ਗਈਆਂ ਨੇ ।

***ਇੱਕ ਰਿਪੋਰਟ -***

***ਇਹਨਾਂ ਨੌਜੁਆਨਾਂ ਨੂੰ ਆਪਣਾ ਸ਼ਿਕਾਰ ਬਣਾਉਣ ਵਾਲੇ ਏਜੇਂਟਾਂ 'ਤੇ ਪੁਲਿਸ ਪ੍ਰਸ਼ਾਸਨ ਵਲੋਂ ਆਪਣਾ ਸ਼ਿਕੰਜਾ ਕੱਸਿਆ ਜਾ ਰਿਹਾ ਏ । ਪੰਜਾਬ ਪੁਲਿਸ ਦੀ ਵਿਸ਼ੇਸ਼ ਪੜਤਾਲੀਆ ਟੀਮ (SIT) ਜਿਸ ਦਾ ਗਠਨ ਪੁਲਿਸ ਦੇ ਐਡੀਸ਼ਨਲ Director General Praveen***

Sinha ਦੀ ਕਮਾਨ ਹੇਠ ਕੀਤਾ ਗਿਆ ਏ, ਅਜਿਹੇ ਟਰੈਵਲ ਏਜੰਟਾਂ ਦੀ ਭੂਮਿਕਾ ਦੀ ਜਾਂਚ ਕਰ ਰਹੀ ਏ, ਜੋ ਸੁਰੱਖਿਅਤ ਅਤੇ ਕਾਨੂੰਨੀ ਤੌਰ ਤੇ ਇਮੀਗ੍ਰੇਸ਼ਨ ਦਾ ਵਾਅਦਾ ਕਰਕੇ ਲੋਕਾਂ ਤੋਂ ਮੋਟੀਆਂ ਰਕਮਾਂ ਵਸੂਲ ਰਹੇ ਨੇ।ਵਿਸ਼ੇਸ਼ ਪੜਤਾਲੀਆ ਟੀਮ ਵਲੋਂ ਮਨੁੱਖੀ ਤਸਕਰਾਂ ਦੇ ਪੂਰੇ ਨੈੱਟਵਰਕ ਦੀ ਪਛਾਣ ਕਰਨ ਲਈ ਸਾਈਬਰ ਅਪਰਾਧ ਨੂੰ ਫੜਾਂ ਵਾਲਿਆਂ ਇਕਾਈਆਂ, ਮਾਲੀ ਪ੍ਰਸ਼ਾਸਨ ਅਤੇ ਕੇਂਦਰੀ ਏਜੰਸੀਆਂ ਨਾਲ ਵੀ ਸਰਗਰਮੀ ਨਾਲ ਤਾਲਮੇਲ ਕੀਤਾ ਜਾ ਰਿਹਾ ਏ । ਇਸ ਨਾਲ ਕਈ ਗ੍ਰਿਫਤਾਰੀਆਂ ਹੋਈਆਂ ਨੇ ਅਤੇ ਮਨੁੱਖੀ ਤਸਕਰੀ ਦੇ ਨੈੱਟਵਰਕ ਨਾਲ ਜੁੜੇ ਬੈਂਕ ਖਾਤਿਆਂ ਨੂੰ ਫ੍ਰੀਜ਼ ਕੀਤਾ ਗਿਆ ਏ । ਪੰਜਾਬ ਪੁਲਿਸ ਨੇ ਨਾਗਰਿਕਾਂ ਨੂੰ ਵੀ ਅਜਿਹੇ ਗੈਰ-ਲਾਇਸੈਂਸਸ਼ੁਦਾ ਟ੍ਰੈਵਲ ਏਜੰਟਾਂ ਦੀ ਪਛਾਣ ਕਰਨ ਅਤੇ ਓਹਨਾ ਬਾਰੇ ਜਾਣਕਾਰੀਆਂ ਸਾਂਝੀ ਕਰਨ ਨੂੰ ਕਿਹਾ ਏ ਜੋ ਲੋਕਾਂ ਦਾ ਝੂਠ ਬੋਲ ਕੇ ਸ਼ੋਸ਼ਣ ਕਰ ਰਹੇ ਹਨ।

ਰਾਜੇਸ਼ ਬਾਲੀ, ਆਕਾਸ਼ਵਾਣੀ ਖਬਰਾਂ, ਜਲੰਧਰ.

---------------------------------------

ਮੁਲਾਜ਼ਮਾਂ ਦੇ ਮਸਲਿਆਂ ਦੇ ਹੱਲ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਕੂਲ ਸਿੱਖਿਆ ਵਿਭਾਗ ਨੂੰ 27 ਫਰਵਰੀ ਨੂੰ ਹੋਣ ਵਾਲੀ ਕੈਬਨਿਟ ਸਬ-ਕਮੇਟੀ ਦੀ ਮੀਟਿੰਗ ਵਿੱਚ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਲਈ ਵਿਭਾਗ ਵੱਲੋਂ ਬਣਾਈ ਅਫ਼ਸਰ ਕਮੇਟੀ ਦੇ ਮੈਂਬਰਾਂ ਨੂੰ ਸ਼ਾਮਲ ਕਰਨ ਦੇ ਨਿਰਦੇਸ਼ ਦਿੱਤੇ ਨੇ। ਇਸ ਫੈਸਲੇ ਦਾ ਉਦੇਸ਼ ਸਰਵ ਸਰਵ ਸਿੱਖਿਆ ਅਭਿਆਨ ਮਿਡ-ਡੇ-ਮੀਲ ਦਫ਼ਤਰੀ ਮੁਲਾਜਮ ਜਥੇਬੰਦੀ  ਵੱਲੋਂ ਉਠਾਏ ਮਸਲਿਆਂ ਨੂੰ ਤੇਜੀ ਨਾਲ ਹੱਲ ਕਰਨਾ ਏ । ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਪਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਸ਼ਮੂਲੀਅਤ ਵਾਲੀ ਕੈਬਨਿਟ ਸਬ-ਕਮੇਟੀ ਨੇ ਅੱਜ ਵਿੱਤ ਮੰਤਰੀ ਦਫ਼ਤਰ ਵਿਖੇ ਜਥੇਬੰਦੀ  ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਇਹ ਨਿਰਦੇਸ਼ ਜਾਰੀ ਕੀਤੇ। ਇਸ ਮੌਕੇ  ਮੰਤਰੀ ਲਾਲ ਚੰਦ ਕਟਾਰੂਚੱਕ ਵੀ ਮੌਜੂਦ ਸਨ। ਵਿੱਤ ਮੰਤਰੀ ਨੇ ਸਿੱਖਿਆ ਵਿਭਾਗ ਨੂੰ ਮਿਡ-ਡੇ-ਮੀਲ ਦਫ਼ਤਰੀ ਕਰਮਚਾਰੀਆਂ ਦੀਆਂ ਤਨਖਾਹਾਂ ਨਾਲ ਸਬੰਧਤ ਮੁੱਦਿਆਂ ਨੂੰ

ਜਲਦੀ ਹੱਲ ਕਰਨ ਅਤੇ ਰੁਕੀਆਂ ਤਨਖਾਹਾਂ ਜਾਰੀ ਕਰਨ ਬਾਰੇ ਹਮਦਰਦੀ ਨਾਲ ਵਿਚਾਰ ਕਰਨ ਦੇ ਨਿਰਦੇਸ਼ ਵੀ ਦਿੱਤੇ। ਮੀਟਿੰਗ ਦੌਰਾਨ ਆਪਣੀਆਂ ਮੰਗਾਂ ਪੇਸ਼ ਕੀਤੀਆਂ। ਕੈਬਨਿਟ ਸਬ-ਕਮੇਟੀ ਨੇ ਜੰਗਲਾਤ ਵਿਭਾਗ ਦੇ ਡਾਇਰੈਕਟਰ ਨੂੰ ਹਦਾਇਤ ਕੀਤੀ ਕਿ ਉਹ ਯੂਨੀਅਨ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੰਗਾਂ ਸਬੰਧੀ ਤਜਵੀਜ਼ ਯੂਨੀਅਨ ਨਾਲ ਸਬ-ਕਮੇਟੀ ਦੀ ਅਗਲੀ ਮੀਟਿੰਗ ਦੌਰਾਨ ਪੇਸ਼ ਕਰਨ ਤਾਂ ਜੋ ਲੋੜੀਂਦੀ ਕਾਰਵਾਈ ਕੀਤੀ ਜਾ ਸਕੇ।

---------------------------------------------------------

ਪੰਜਾਬ ਦੇ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕੱਲ ਛੱਤਬੀੜ ਚਿੜੀਆਘਰ ਵਿਖੇ ਨਵ ਜੰਮੇ ਟਾਈਗਰ ਦੇ ਬੱਚਿਆਂ ਨੂੰ ਇਨਟੈਂਸਿਵ ਕੇਅਰ ਵਿੱਚੋਂ ਵੱਡੇ ਘਰ ਵਿੱਚ ਛੱਡਿਆ। ਮੰਤਰੀ ਨੇ ਦੱਸਿਆ ਕਿ ਇਹ ਦੋਵੇ ਬੱਚੇ ਤੰਦਰੁਸਤ ਨੇ ਅਤੇ ਇਹਨਾਂ ਨੂੰ ਇੱਕ ਵੈਕਸਿਨ ਹੋਰ ਦੇਣ ਉਪਰੰਤ ਆਮ ਦਰਸ਼ਕਾਂ ਦੇ ਦੇਖਣ ਲਈ ਪਿੰਜਰੇ ਵਿੱਚ ਛੱਡਿਆ ਜਾਵੇਗਾ। ਜਿਕਰਯੋਗ ਏ ਕਿ 31 ਅਕਤੂਬਰ 2024 ਨੂੰ, ਮਾਦਾ ਗੌਰੀ ਚਿੱਟੀ ਟਾਈਗਰ ਅਤੇ ਨਰ ਅਰਜੁਨ ਪੀਲਾ

ਟਾਈਗਰ ਦੇ 2 ਬੱਚਿਆਂ ਦਾ ਜਨਮ ਹੋਇਆ। ਮੰਤਰੀ ਨੇ ਛੱਤਬੀੜ ਚਿੜੀਆਘਰ ਵਿਖੇ ਵੈਟਰਨਰੀ ਹਸਪਤਾਲ ਦੇ ਪੁਰਾਣੇ ਪ੍ਰਸ਼ਾਸਨਿਕ ਬਲਾਕ ਦਾ ਨਵੀਨੀਕਰਨ ਹੋਣ ਉਪਰੰਤ ਉਦਘਾਟਨ ਕੀਤਾ। ਇਹ ਇੱਕ ਆਧੁਨਿਕ ਚਿੜੀਆਘਰ ਦੀ ਨਿਸ਼ਾਨੀ ਏ। ਇਸ ਤੋਂ ਇਲਾਵਾ ਚਿੜੀਆਘਰ ਛੱਤਬੀੜ ਵਿਖੇ ਰਾਤ ਸਮੇਂ ਕੰਮ ਕਰਨ ਵਾਲੇ ਚੌਕੀਦਾਰਾਂ ਵਾਸਤੇ ਨਵੇਂ ਬਣੇ ਦੋ ਨਾਈਟ ਸੈਲਟਰ ਸਟਾਫ ਨੂੰ ਸਮਰਪਿਤ ਕੀਤੇ।

---------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਪਿਛਲੇ ਤਿੰਨ ਮਹੀਨਿਆਂ ਤੋਂ ਭਗੌੜੇ ਹੁਸ਼ਿਆਰਪੁਰ ਦੇ ਸਹਾਇਕ ਕਿਰਤ ਕਮਿਸ਼ਨਰ ਹਰਪ੍ਰੀਤ ਸਿੰਘ ਨੂੰ 30 ਹਜ਼ਾਰ ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਏ। ਇਸ ਮਾਮਲੇ ਵਿੱਚ ਉਸਦੇ ਦਫਤਰ ਵਿੱਚ ਤਾਇਨਾਤ ਮਹਿਲਾ ਕੰਪਿਊਟਰ ਆਪਰੇਟਰ ਅਲਕਾ ਸ਼ਰਮਾ ਨੂੰ ਪਹਿਲਾਂ ਹੀ ਸਹਾਇਕ ਕਿਰਤ ਕਮਿਸ਼ਨਰ ਦੇ ਨਾਂ 'ਤੇ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਜਾ ਚੁਕਿਆ ਏ। ਵਿਜੀਲੈਂਸ ਬਿਊਰੋ ਨੇ ਹਰਪ੍ਰੀਤ ਸਿੰਘ ਵੱਲੋਂ ਸਥਾਨਕ ਅਦਾਲਤ ਵਿੱਚ ਆਤਮ ਸਮਰਪਣ ਕਰਨ ਤੋਂ ਬਾਅਦ ਗ੍ਰਿਫ਼ਤਾਰ ਕਰ

ਲਿਆ, ਕਿਉਂਕਿ ਉਸਦੀ ਜ਼ਮਾਨਤ ਸਬੰਧੀ ਅਰਜ਼ੀ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਖਾਰਜ ਕਰ ਦਿੱਤੀ ਗਈ ਸੀ। ਹੁਸ਼ਿਆਰਪੁਰ ਅਦਾਲਤ ਨੇ ਅਗਲੇਰੀ ਜਾਂਚ ਲਈ ਅੱਜ ਵਿਜੀਲੈਂਸ ਬਿਊਰੋ ਨੂੰ ਇੱਕ ਦਿਨ ਦਾ ਪੁਲਿਸ ਰਿਮਾਂਡ ਦੇ ਦਿੱਤਾ ਏ। ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਮੁਕੱਦਮਾ ਹੁਸ਼ਿਆਰਪੁਰ ਦੇ ਇੱਕ ਦੁਕਾਨਦਾਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਉਕਤ ਮੁਲਜ਼ਮਾਂ ਨੇ ਉਸ ਦੀ ਗਹਿਣਿਆਂ ਦੀ ਦੁਕਾਨ ਦੀ ਮੁਰੰਮਤ ਦੇ ਮੱਦੇਨਜ਼ਰ ਸਹਾਇਕ ਕਿਰਤ ਕਮਿਸ਼ਨਰ ਦੇ ਦਫ਼ਤਰ ਤੋਂ ਮਿਲੇ ਇੱਕ ਨੋਟਿਸ ਨੂੰ ਰਫ਼ਾਕਰਾਉਣ ਲਈ ਰਿਸ਼ਵਤ ਮੰਗੀ ਸੀ। ਦਫ਼ਾ- ਇਸ ਸਬੰਧ ਵਿੱਚ ਬਿਊਰੋ ਦੇ ਜਲੰਧਰ ਰੇਂਜ ਪੁਲਿਸ ਥਾਣੇ ਵਿੱਚ ਦੋਵਾਂ ਮੁਲਜ਼ਮਾਂ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ। ਇਸ ਮੁਕੱਦਮੇ ਦੀ ਅਗਲੀ ਜਾਂਚ ਜਾਰੀ ਏ।

---------------------------------------------------

ਅੱਜ ਜਲੰਧਰ, ਮੋਹਾਲੀ, ਹੋਸ਼ਿਆਰਪੁਰ ਅਤੇ ਪਠਾਨਕੋਟ ਸਮੇਤ ਪੰਜਾਬ

ਦੇ ਕਈ ਜ਼ਿਲਿਆਂ ਵਿਚ ਸਵੇਰੇ ਤੋਂ ਦਰਮਿਆਨੀ ਬਾਰਸ਼ ਹੋ ਰਹੀ ਏ । ਅੱਜ ਸ਼ਾਮ ਵੇਲੇ ਕਈ ਥਾਈਂ ਗੜੇਮਾਰੀ ਵੀ ਹੋਈ ਏ ਜਦਕਿ ਗਰਜ ਨਾਲ ਮੀਂਹ ਅਜੇ ਵੀ ਜਾਰੀ ਏ। ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਅਤੇ ਚੰਡੀਗੜ੍ਹ ਵਿੱਚ ਤੇਜ਼ ਹਵਾਵਾਂ ਦੇ ਨਾਲ ਹਲਕੀ ਤੋਂ ਦਰਮਿਆਨੀ ਬਾਰਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ । ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਮੌਸਮ 'ਚ ਹੋਣ ਵਾਲੀ ਤਬਦੀਲੀ ਬਾਰੇ ਦਸਿਆ।

**BYTE:**